



ਸੇਵਾ ਵਿਖੇ

# ਜਥੇਦਾਰ ਸਾਹਿਬ,

## ਸ੍ਰੀ ਅਕਾਲ ਤਖਤ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ।

**ਵਿਸ਼ਾ:** ਸੀਬੀਆਈ ਅਦਾਲਤਾਂ ਵੱਲੋਂ ਦੋਸ਼ੀ ਪੁਲਿਸ ਅਧਿਕਾਰੀਆਂ ਨੂੰ ਸਜ਼ਾਵਾਂ ਦਿਵਾਉਣ ਵਾਲੇ ਪੀੜਤ ਪਰਿਵਾਰਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮੁਆਵਜ਼ਾ ਦੇਣ ਸਬੰਧੀ ਅਤੇ ਭਾਈ ਜਸਵੰਤ ਸਿੰਘ ਖਾਲੜਾ ਜੀ ਦੇ ਮਾਮਲੇ ਵਿੱਚ ਦੋਗਲੀ ਨੀਤੀ ਤੋਂ ਵਰਜਣ ਲਈ ਬੇਨਤੀ।

**ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫਤਹਿ।**

**ਸਤਿਕਾਰਯੋਗ ਜਥੇਦਾਰ ਸਾਹਿਬ ਜੀ,**

ਬੇਨਤੀ ਹੈ ਕਿ ਸੰਨ 1984 ਤੋਂ 1995 ਤੱਕ ਭਾਰਤ ਸਰਕਾਰ, ਪੰਜਾਬ ਸਰਕਾਰ, ਪੰਜਾਬ ਪੁਲਿਸ ਅਤੇ ਕੇਂਦਰੀ ਸੁਰੱਖਿਆ ਏਜੰਸੀਆਂ ਵੱਲੋਂ ਹਜ਼ਾਰਾਂ ਸਿੱਖ ਨੌਜਵਾਨਾਂ ਨੂੰ ਝੂਠੇ ਪੁਲਿਸ ਮੁਕਾਬਲਿਆਂ ਵਿੱਚ ਮਾਰਿਆ ਗਿਆ ਅਤੇ ਉਨ੍ਹਾਂ ਦੇ ਸਸਕਾਰ ਗੁਪਤ ਰੂਪ ਵਿੱਚ ਕੀਤੇ ਗਏ। ਇਨ੍ਹਾਂ ਘਟਨਾਵਾਂ ਦਾ ਸੱਚ ਸਾਹਮਣੇ ਲਿਆਉਣ ਵਾਲੇ ਮਨੁੱਖੀ ਅਧਿਕਾਰਾਂ ਦੇ ਰਾਖੇ ਭਾਈ ਜਸਵੰਤ ਸਿੰਘ ਖਾਲੜਾ ਜੀ ਨੂੰ ਵੀ ਪੰਜਾਬ ਪੁਲਿਸ ਵੱਲੋਂ ਗੈਰ-ਕਾਨੂੰਨੀ ਤੌਰ 'ਤੇ ਅਗਵਾ ਕਰਕੇ ਲਾਪਤਾ ਕਰ ਦਿੱਤਾ ਗਿਆ ਅਤੇ ਬਾਅਦ ਵਿੱਚ ਉਨ੍ਹਾਂ ਦੀ ਹੱਤਿਆ ਕਰ ਦਿੱਤੀ ਗਈ।

- ਸਾਡੀ ਸੰਸਥਾ ਲਾਪਤਾ ਪੰਜਾਬ ਵੱਲੋਂ ਸੰਨ 2008 ਤੋਂ ਭਾਈ ਜਸਵੰਤ ਸਿੰਘ ਖਾਲੜਾ ਜੀ ਦੇ ਅਧੂਰੇ ਰਹਿ ਗਏ ਕਾਰਜਾਂ ਨੂੰ ਅੱਗੇ ਵਧਾਉਣ ਲਈ ਨਿਰੰਤਰ ਸੰਘਰਸ਼ ਕੀਤਾ ਜਾ ਰਿਹਾ ਹੈ। ਇਸ ਦੌਰਾਨ ਲਾਪਤਾ ਕੀਤੇ ਗਏ ਨੌਜਵਾਨਾਂ ਦੇ ਪਰਿਵਾਰਾਂ ਦੀ ਡਾਕੂਮੈਂਟੇਸ਼ਨ, ਸ਼ਮਸ਼ਾਨ ਘਾਟਾਂ ਦਾ ਰਿਕਾਰਡ ਅਤੇ ਹੋਰ ਸਬੂਤ ਇਕੱਠੇ ਕਰਕੇ ਸੰਨ 2019 ਵਿੱਚ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਇੱਕ ਜਨਹਿਤ ਪਟੀਸ਼ਨ (PIL) ਦਾਇਰ ਕੀਤੀ ਗਈ, ਜਿਸ ਵਿੱਚ 8,257 ਲਾਪਤਾ ਵਿਅਕਤੀਆਂ ਦਾ ਵੇਰਵਾ ਪੇਸ਼ ਕੀਤਾ ਗਿਆ ਹੈ।
- ਇਸ ਤੋਂ ਇਲਾਵਾ, ਸੰਨ 2015 ਤੋਂ ਸਾਡੀ ਟੀਮ ਸੀਬੀਆਈ ਵੱਲੋਂ ਦਰਜ ਕੀਤੇ ਗਏ ਕੇਸਾਂ ਦੀ ਲਗਾਤਾਰ ਪੈਰਵਾਈ ਕਰ ਰਹੀ ਹੈ। ਸੀਬੀਆਈ ਅਦਾਲਤ, ਮੋਹਾਲੀ ਵਿੱਚ ਚੱਲ ਰਹੇ ਲਗਭਗ 40 ਕੇਸਾਂ ਵਿੱਚੋਂ ਕਰੀਬ 35 ਕੇਸਾਂ ਵਿੱਚ ਦੋਸ਼ੀ ਪੁਲਿਸ ਮੁਲਾਜ਼ਮਾਂ ਨੂੰ ਉਮਰ ਕੈਦ ਸਮੇਤ ਸਖਤ ਸਜ਼ਾਵਾਂ ਦਿਵਾਉਣ ਵਿੱਚ ਸਾਡੀ ਟੀਮ ਕਾਮਯਾਬ ਰਹੀ ਹੈ।
- ਪਰੰਤੂ ਬਹੁਤੇ ਪੀੜਤ ਪਰਿਵਾਰਾਂ ਨੂੰ ਸੀਬੀਆਈ ਅਦਾਲਤਾਂ ਵੱਲੋਂ ਜਾਂ ਤਾਂ ਬਹੁਤ ਹੀ ਘੱਟ ਮੁਆਵਜ਼ਾ ਦਿੱਤਾ ਗਿਆ ਹੈ ਜਾਂ ਕਈ ਮਾਮਲਿਆਂ ਵਿੱਚ ਕੋਈ ਯੋਗ ਮੁਆਵਜ਼ਾ ਨਹੀਂ ਮਿਲਿਆ। ਇੰਨ ਲੰਮਾ ਸਮਾਂ ਬੀਤ ਜਾਣ ਤੋਂ ਬਾਅਦ ਮੁੜ ਅਦਾਲਤਾਂ ਦਾ ਦਰਵਾਜ਼ਾ ਖੜਕਾਉਣਾ ਵੀ ਬਹੁਤ ਮੁਸ਼ਕਲ ਹੈ।

ਇਸ ਲਈ ਆਪ ਜੀ ਨੂੰ ਨਿਮਰ ਬੇਨਤੀ ਹੈ ਕਿ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਤਖਤ ਦੇ ਸੇਵਾਦਾਰ ਹੋਣ ਦੇ ਨਾਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਆਦੇਸ਼ ਕੀਤਾ ਜਾਵੇ ਕਿ:

- ਸੀਬੀਆਈ ਅਦਾਲਤਾਂ ਵਿੱਚੋਂ ਨਿਆਂ ਪ੍ਰਾਪਤ ਕਰਨ ਵਾਲੇ ਸਾਰੇ ਪੀੜਤ ਪਰਿਵਾਰਾਂ ਨੂੰ ਯੋਗ ਆਰਥਿਕ ਮੁਆਵਜ਼ਾ ਦਿੱਤਾ ਜਾਵੇ।
- ਜਿਨ੍ਹਾਂ ਪੀੜਤ ਪਰਿਵਾਰਾਂ ਦੇ ਸਾਬਤ-ਸੂਰਤ ਬੱਚੇ ਸ਼੍ਰੋਮਣੀ ਕਮੇਟੀ ਵਿੱਚ ਸੇਵਾ ਕਰਨ ਲਈ ਯੋਗ ਹਨ, ਉਨ੍ਹਾਂ ਨੂੰ ਪਹਿਲ ਦੇ ਆਧਾਰ 'ਤੇ ਨੌਕਰੀ ਦਿੱਤੀ ਜਾਵੇ।

ਇਸ ਤੋਂ ਇਲਾਵਾ ਬੇਨਤੀ ਹੈ ਕਿ ਸੀਬੀਆਈ ਕੇਸਾਂ ਅਤੇ ਭਾਈ ਜਸਵੰਤ ਸਿੰਘ ਖਾਲੜਾ ਜੀ ਦੇ ਕੇਸ ਵਿੱਚ ਦੋਸ਼ੀ ਪੁਲਿਸ ਅਧਿਕਾਰੀਆਂ ਦੀ ਪੈਰਵਾਈ ਕਰਨ ਵਾਲੇ ਐਡਵੋਕੇਟ ਸਤਨਾਮ ਸਿੰਘ ਕਲੇਰ, ਜਿਨ੍ਹਾਂ ਨੂੰ ਐਸਜੀਪੀਸੀ ਦੀ ਸਿਫਾਰਸ਼ 'ਤੇ ਗੁਰਦੁਆਰਾ ਜੁਡੀਸ਼ੀਅਲ ਕਮਿਸ਼ਨ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਸੀ, ਸਬੰਧੀ ਵੀ ਸ਼੍ਰੋਮਣੀ ਕਮੇਟੀ ਨੂੰ ਯੋਗ ਕਾਰਵਾਈ ਕਰਨ ਲਈ ਆਦੇਸ਼ ਜਾਰੀ ਕੀਤੇ ਜਾਣ।

- ਇਸੇ ਤਰ੍ਹਾਂ, ਪਿਛਲੇ ਸਮੇਂ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਅਤੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਇੱਕ ਪਾਸੇ ਭਾਈ ਜਸਵੰਤ ਸਿੰਘ ਖਾਲੜਾ ਜੀ ਦੇ ਜੀਵਨ 'ਤੇ ਬਣੀ ਫਿਲਮ ਦਾ ਸਮਰਥਨ ਅਤੇ ਪ੍ਰਚਾਰ ਕੀਤਾ ਜਾਂਦਾ ਹੈ, ਜਦਕਿ ਦੂਜੇ ਪਾਸੇ ਉਨ੍ਹਾਂ ਲੋਕਾਂ ਨੂੰ ਮਹੱਤਵਪੂਰਨ ਅਹੁਦਿਆਂ 'ਤੇ ਬਿਰਾਜ ਮਾਨ ਕੀਤਾ ਜਾਂਦਾ ਨੇ ਦੋਸ਼ੀ ਪੁਲਿਸ ਮੁਲਾਜ਼ਮਾਂ ਦੀ ਪੈਰਵਾਈ ਕੀਤੀ। ਇਸ ਸਬੰਧੀ ਸ਼੍ਰੋਮਣੀ ਕਮੇਟੀ ਅਤੇ ਸ਼੍ਰੋਮਣੀ ਅਕਾਲੀ ਦਲ ਤੋਂ ਸਪਸ਼ਟੀਕਰਨ ਮੰਗਿਆ ਜਾਵੇ ਤਾਂ ਜੋ ਸਿੱਖ ਸੰਗਤ ਸਾਹਮਣੇ ਉਨ੍ਹਾਂ ਦਾ ਸਟੈਂਡ ਸਪਸ਼ਟ ਹੋ ਸਕੇ।

**ਆਸ ਹੈ ਕਿ ਆਪ ਜੀ ਇਸ ਗੰਭੀਰ ਮਾਮਲੇ 'ਤੇ ਪੰਥਕ ਅਤੇ ਇਨਸਾਫ਼ ਦੇ ਸਿਧਾਂਤਾਂ ਅਨੁਸਾਰ ਯੋਗ ਕਾਰਵਾਈ ਕਰੋਗੇ।**

ਧੰਨਵਾਦ ਸਹਿਤ।

ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫਤਹਿ।


| ਸਤਨਾਮ ਸਿੰਘ ਬੈਂਸ | ਜਗਜੀਤ ਸਿੰਘ ਬਾਜਵਾ | ਬਲਜਿੰਦਰ ਸਿੰਘ ਬਾਜਵਾ |
|---|---|---|
| ਬਰੈਸ਼ਟਰ | ਐਡਵੋਕੇਟ | ਐਡਵੋਕੇਟ |
| | 9988227597 | 9914847974 |


PUNJABDISAPPEARED.ORG

disappeared, denied but not forgotten